# ਦਫਤਰ ਜਿਲਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

deose.bathinda@punjabeducation.gov.in

ਵੱਲ

ਸਮੂਹ ਸਕੂਲ ਮੁਖੀ
ਜਿਲ੍ਹਾ ਬਠਿੰਡਾ
ਪੱਤਰ ਨੰ: ਜੀ-1/1 ( )2024 / 10172 ਮਿਤੀ ਬਠਿੰਡਾ : 20/9/24

**ਵਿਸ਼ਾ : ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਹਦਾਇਤਾਂ ਬਾਰੇ ।**

ਹਵਾਲਾ : ਮਾਨਯੋਗ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਮੈਜਿਸਟਰੇਟ ਬਠਿੰਡਾ Bharatiya Nagarik Suraksha Sanhita , 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਾਰੀ ਕੀਤੇ ਹੁਕਮ ਪਿਠ ਅੰਕਣ ਨੰ 18231-18330 /ਫਸ ਮਿਤੀ 17/09/2024 ਦੇ ਸਬੰਧ ਵਿਚ ।

ਉਪਰੋਕਤ ਵਿਸ਼ਾ ਹਵਾਲਾ ਅੰਕਿਤ ਦੇ ਸਬੰਧ ਵਿਚ ਸਮੂਹ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਹੇਠ ਲਿਖੇ ਅਨੁਸਾਰ ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ :-

1) ਜਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਸ਼ਾਮ 7.00 ਵਜ਼ੇ ਤੋਂ ਸਵੇਰੇ 10.00 ਵਜ਼ੇ ਤੱਕ ਕੰਬਾਇਨਾਂ ਨਾਲ ਝੋਨਾ ਕੱਟਣ ਤੇ ਪਾਬੰਦੀ ਰਹੇਗੀ । ਜੇਕਰ ਕੋਈ ਕੰਬਾਇਨ ਇਸ ਸਮੇਂ ਦੌਰਾਨ ਝੋਨਾ ਦੀ ਫਸਲ ਕੱਟਦੀ ਫੜੀ ਗਈ ਤਾਂ ਉਸਨੂੰ ਤੁਰੰਤ ਜ਼ਬਤ ਕੀਤਾ ਜਾਵੇਗਾ ।
2) ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਝੋਨੇ ਦੀ ਨਾੜ/ਪਰਾਲੀ/ਰਹਿੰਦ ਖੂਹੰਦ ਆਦਿ ਨੂੰ ਅੱਗ ਲਗਾਉਣ ਤੇ ਮੁਕੰਮਲ ਤੌਰ ਤੇ ਪਾਬੰਦੀ ਰਹੇਗੀ ।
3) ਮੌਜੂਦਾ ਹਾਲਾਤਾਂ ਨੂੰ ਮੁਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਪਬਲਿਕ ਦੇ ਨਾਮ ਜਾਰੀ ਕੀਤਾ ਜਾਂਦਾ ਹੈ । ਇਹ ਹੁਕਮ ਮਿਤੀ 17/09/2024 ਤੋਂ ਮਿਤੀ 16/11/2024 ਤੱਕ ਲਾਗੂ ਰਹੇਗਾ ।

ਨੱਥੀ : ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਜੀ ਵੱਲੋਂ ਜਾਰੀ ਕੀਤੇ ਹੁਕਮਾਂ ਦੀ ਕਾਪੀ ।

20/09/24

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।

Sd/- 20/09/24

## ਦਫਤਰ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਮੈਜਿਸਟਰੇਟ, ਬਠਿੰਡਾ

(ਫੁਟਕਲ ਸ਼ਾਖਾ -1)

### ਹੁਕਮ

ਝੋਨੇ ਦਾ ਸੀਜਨ ਨਜ਼ਦੀਕ ਆਉਣ ਵਾਲਾ ਹੈ। ਆਮ ਤੌਰ ਤੇ ਦੇਖਣ ਵਿੱਚ ਆਉਂਦਾ ਹੈ ਕਿ ਝੋਨਾ ਕੱਟਣ ਲਈ ਕੰਬਾਇਨਾ 24 ਘੰਟੇ ਕੰਮ ਕਰਦੀਆਂ ਹਨ। ਇਹ ਕੰਬਾਇਨਾ ਰਾਤ ਵੇਲੇ ਹਰਾ ਝੋਨਾ ਜਿਹੜਾ ਕਿ ਚੰਗੀ ਤਰ੍ਹਾਂ ਪੱਕਿਆ ਨਹੀਂ ਹੁੰਦਾ, ਭਾਵ ਦਾਣਾ ਕੱਚਾ ਕੱਟ ਦਿੰਦੀਆਂ ਹਨ। ਇਸ ਦੀ ਗੁਣਵੱਤਾ ਘੱਟ ਜਾਂਦੀ ਹੈ ਜਿਸ ਕਰਕੇ ਖਰੀਦ ਏਜੰਸੀਆਂ ਇਸ ਦੀ ਖਰੀਦ ਕਰਨ ਤੋਂ ਹਿਚਕਚਾਉਂਦੀਆਂ ਹਨ ਅਤੇ ਜਿਸ ਦਾ ਸਿੱਧਾ ਅਸਰ ਦੇਸ਼ ਦੇ ਉਤਪਾਦਨ ਤੇ ਪੈਂਦਾ ਹੈ। ਝੋਨਾ ਨਾ ਵਿਕਣ ਕਰਕੇ ਕਿਸਾਨਾਂ ਵਿੱਚ ਵੀ ਰੋਸ ਪੈਦਾ ਹੁੰਦਾ ਹੈ। ਜਿਸ ਨਾਲ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਖਤਰਾ ਪੈਦਾ ਹੁੰਦਾ ਹੈ। ਇਸ ਲਈ ਇਸ ਦੀ ਤੁਰੰਤ ਰੋਕਥਾਮ ਕਰਨ ਦੀ ਜ਼ਰੂਰਤ ਹੈ।

ਮੇਰੇ ਧਿਆਨ ਵਿੱਚ ਇਹ ਗੱਲ ਵੀ ਲਿਆਂਦੀ ਗਈ ਹੈ ਕਿ ਝੋਨੇ ਦੀ ਫਸਲ ਕੱਟਣ ਤੋਂ ਬਾਅਦ ਲੋਕ ਖੇਤਾਂ ਵਿੱਚ ਪਏ ਝੋਨੇ ਦੇ ਨਾੜ/ਪਰਾਲੀ/ਰਹਿੰਦ ਖੂਹੰਦ ਆਦਿ ਨੂੰ ਅੱਗ ਲਗਾ ਦਿੰਦੇ ਹਨ ਜਿਸ ਕਾਰਨ ਜ਼ਮੀਨ ਦਾ ਉਪਯੋਗੀ ਜੀਵਕ ਮਾਦਾ ਜੋ ਕਿ ਜ਼ਮੀਨ ਲਈ ਬਹੁਤ ਲਾਭਦਾਇਕ ਹੈ, ਦਾ ਨੁਕਸਾਨ ਹੁੰਦਾ ਹੈ। ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਝੋਨੇ ਦੀ ਨਾੜ/ਪਰਾਲੀ/ਰਹਿੰਦ ਖੂਹੰਦ ਆਦਿ ਨੂੰ ਅੱਗ ਲਗਾਉਣ ਕਾਰਨ ਨਾਲ ਲੱਗਦੇ ਖੇਤਾਂ ਵਿੱਚ ਖੜ੍ਹੀ ਫਸਲ ਨੂੰ ਅਤੇ ਗੋਦਾਮਾਂ ਵਿੱਚ ਸਟੋਰ ਕੀਤੀ ਗਈ ਫਸਲ ਨੂੰ ਅਤੇ ਗੋਲਾ ਬਰੂਦ ਦੇ ਡਿੱਪੂ ਵਿੱਚ ਅੱਗ ਲੱਗ ਕੇ ਲੋਕਾਂ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਵਾਤਾਵਰਣ ਵੀ ਕਾਫੀ ਪ੍ਰਭਾਵਿਤ ਹੁੰਦਾ ਹੈ। ਹਵਾ ਵਿੱਚ ਧੂੰਏ ਨਾਲ ਪ੍ਰਦੂਸ਼ਣ ਫੈਲਦਾ ਹੈ ਜਿਸ ਨਾਲ ਸ਼ਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਸ ਲਈ ਇਸ ਦੀ ਤੁਰੰਤ ਰੋਕਥਾਮ ਕਰਨ ਦੀ ਜ਼ਰੂਰਤ ਹੈ।

ਇਸ ਲਈ ਮੈਂ, ਸ਼ੌਕਤ ਅਹਿਮਦ ਪਰੇ, ਆਈ.ਏ.ਐੱਸ., ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ BHARATIYA NAGARIK SURAKSHA SANHITA, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ, ਜ਼ਿਲ੍ਹਾ ਬਠਿੰਡਾ ਅੰਦਰ ਹੇਠ ਲਿਖੇ ਅਨੁਸਾਰ ਹੁਕਮ ਜ਼ਾਰੀ ਕਰਦਾ ਹਾਂ:—

1. ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਸ਼ਾਮ 7:00 ਵਜੇ ਤੋਂ ਸਵੇਰੇ 10:00 ਵਜੇ ਤੱਕ ਕੰਬਾਇਨਾਂ ਨਾਲ ਝੋਨਾ ਕੱਟਣ ਤੇ ਪਾਬੰਦੀ ਰਹੇਗੀ। ਜੇਕਰ ਕੋਈ ਕੰਬਾਇਨ ਇਸ ਸਮੇਂ ਦੌਰਾਨ ਝੋਨਾ ਦੀ ਫਸਲ ਕੱਟਦੀ ਫੜੀ ਗਈ ਤਾਂ ਉਸਨੂੰ ਤੁਰੰਤ ਜ਼ਬਤ ਕੀਤਾ ਜਾਵੇਗਾ।

2. ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਝੋਨੇ ਦੀ ਨਾੜ/ਪਰਾਲੀ/ਰਹਿੰਦ ਖੂਹੰਦ ਆਦਿ ਨੂੰ ਅੱਗ ਲਗਾਉਣ ਤੇ ਮੁਕੰਮਲ ਤੌਰ ਤੇ ਪਾਬੰਦੀ ਰਹੇਗੀ।

ਮੌਜੂਦਾ ਹਾਲਾਤਾਂ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫ਼ਾ ਪਾਸ ਕਰਕੇ ਆਮ ਪਬਲਿਕ ਦੇ ਨਾਮ ਜ਼ਾਰੀ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 17/09/2024 ਤੋਂ ਮਿਤੀ 16/11/2024 ਤੱਕ ਲਾਗੂ ਰਹੇਗਾ।

ਇਸ ਹੁਕਮ ਨੂੰ ਸੀਨੀਅਰ ਕਪਤਾਨ ਪੁਲਿਸ, ਬਠਿੰਡਾ ਵਲੋਂ ਲਾਗੂ ਕਰਵਾਇਆ ਜਾਵੇਗਾ।ਇਹ ਹੁਕਮ ਲਾਗੂ ਕਰਨ ਲਈ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ ਵੱਲੋਂ ਮੀਡੀਆ ਅਤੇ ਅਖ਼ਬਾਰਾਂ ਰਾਂਹੀ ਪ੍ਰਚਾਰ ਕਰਕੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ। ਇਸ ਹੁਕਮ ਦੀਆਂ ਕਾਪੀਆਂ ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਜ਼ਿਲ੍ਹੇ ਦੇ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਮਾਰਕੀਟ ਕਮੇਟੀਆਂ, ਪੁਲਿਸ ਸਟੇਸ਼ਨਾਂ ਅਤੇ ਨਗਰ ਪਾਲਿਕਾਵਾਂ ਦੇ ਨੋਟਿਸ ਬੋਰਡਾਂ ਅਤੇ ਜ਼ਿਲ੍ਹਾ ਬਠਿੰਡਾ ਦੀਆਂ ਉੱਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਅੱਜ ਮਿਤੀ 17/09/2024 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜ਼ਾਰੀ ਹੋਇਆ ਹੈ।

(ਸ਼ੌਕਤ ਅਹਿਮਦ ਪਰੇ, ਆਈ.ਏ.ਐੱਸ.)
ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ।